Punjabi - Number 124c
October 2026

ਕੋਵਿਡ-19 ਪ੍ਰੋਟੀਨ ਸਬਯੂਨਿਟ ਵੈਕਸੀਨ

COVID-19 protein subunit vaccine

ਟੀਕਾਕਰਨ ਨੇ ਪਿਛਲੇ 50 ਸਾਲਾਂ ਵਿੱਚ ਕੈਨੇਡਾ ਵਿੱਚ ਹੋਰ ਕਿਸੇ ਵੀ ਸਿਹਤ ਉਪਾਅ ਨਾਲੋਂ ਵਧੇਰੇ ਜਾਨਾਂ ਬਚਾਈਆਂ ਹਨ।

ਕੋਵਿਡ-19 ਪ੍ਰੋਟੀਨ ਸਬਯੂਨਿਟ ਵੈਕਸੀਨ ਕੀ ਹੈ?

ਕੋਵਿਡ-19 ਪ੍ਰੋਟੀਨ ਸਬਯੂਨਿਟ ਵੈਕਸੀਨ (ਨਿਊਵੈਕਸੋਵਿਡ® - Nuvaxovid®) ਸਵੀਅਰ ਐਕਿਊਟ ਰੇਸਪੀਰੇਟਰੀ ਸਿੰਡਰੋਮ ਕੋਰੋਨਾਵਾਇਰਸ 2 (SARS-CoV-2) ਤੋਂ ਹੋਣ ਵਾਲੀ ਲਾਗ, ਜੋ ਕੋਵਿਡ-19 ਦਾ ਕਾਰਨ ਬਣਦੀ ਹੈ, ਤੋਂ ਬਚਾਉਂਦੀ ਹੈ। ਵੈਕਸੀਨ ਹੈਲਥ ਕੈਨੇਡਾ ਦੁਆਰਾ ਮਾਨਤਾ ਪ੍ਰਾਪਤ ਹੈ।

ਵੈਕਸੀਨ ਕਿਸਨੂੰ ਲਗਵਾਉਣੀ ਚਾਹੀਦੀ ਹੈ?

ਪ੍ਰੋਟੀਨ ਸਬਯੂਨਿਟ ਵੈਕਸੀਨ ਨੂੰ 12 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਲੋਕਾਂ ਲਈ ਮਨਜ਼ੂਰੀ ਦਿੱਤੀ ਗਈ ਹੈ। ਹੋਰ ਜਾਣਕਾਰੀ, ਜਿਸ ਵਿੱਚ ਵੈਕਸੀਨ ਲਈ ਬੇਨਤੀ ਕਰਨ ਦਾ ਤਰੀਕਾ ਵੀ ਸ਼ਾਮਲ ਹੈ, ਲਈ ਬ੍ਰਿਟਿਸ਼ ਕੋਲੰਬੀਆ ਸਰਕਾਰ ਦੀ ਵੈੱਬਸਾਈਟ: www2.gov.bc.ca/gov/content/health/managing-your-health/immunizations/covid-19-immunization 'ਤੇ ਜਾਓ।

ਵੈਕਸੀਨ ਕਿਵੇਂ ਦਿੱਤੀ ਜਾਂਦੀ ਹੈ?

ਵੈਕਸੀਨ ਟੀਕੇ ਦੁਆਰਾ ਦਿੱਤੀ ਜਾਂਦੀ ਹੈ। 12 ਸਾਲ ਅਤੇ ਉਸ ਤੋਂ ਵੱਧ ਉਮਰ ਦੇ ਲੋਕਾਂ ਨੂੰ ਇੱਕ ਖੁਰਾਕ ਮਿਲਣੀ ਚਾਹੀਦੀ ਹੈ। ਜੇ ਤੁਹਾਡਾ ਇਮਿਊਨ ਸਿਸਟਮ ਕਮਜ਼ੋਰ ਹੈ, ਤਾਂ ਤੁਹਾਨੂੰ ਤੁਹਾਡੇ ਟੀਕਾਕਰਨ ਇਤਿਹਾਸ ਦੇ ਆਧਾਰ 'ਤੇ ਇੱਕ ਤੋਂ ਵੱਧ ਖੁਰਾਕ ਦੀ ਲੋੜ ਹੋ ਸਕਦੀ ਹੈ।

ਬੀਮਾਰੀਆਂ ਤੋਂ ਬਚਾਉਣ ਲਈ ਲਗਾਏ ਗਏ ਸਾਰੇ ਟੀਕਿਆਂ ਦਾ ਰਿਕਾਰਡ ਰੱਖਣਾ ਮਹੱਤਵਪੂਰਨ ਹੈ।

ਵੈਕਸੀਨ ਦੇ ਕੀ ਲਾਭ ਹਨ?

ਟੀਕਾਕਰਨ, ਕੋਵਿਡ-19, ਜੋ ਕਿ ਇੱਕ ਗੰਭੀਰ ਅਤੇ ਕਈ ਵਾਰ ਘਾਤਕ ਬਿਮਾਰੀ ਹੈ, ਵਿਰੁੱਧ ਬਚਾਅ ਦਾ ਸਭ ਤੋਂ ਵਧੀਆ ਤਰੀਕਾ ਹੈ। ਇਹ ਵੈਕਸੀਨ ਗੰਭੀਰ ਕੋਵਿਡ-19 ਬਿਮਾਰੀ, ਜਿਸ ਵਿੱਚ ਹਸਪਤਾਲ ਵਿੱਚ ਭਰਤੀ ਕੀਤੇ ਜਾਣਾ ਅਤੇ ਮੌਤ ਸ਼ਾਮਲ ਹੈ, ਦੇ ਵਿਰੁੱਧ ਮਜ਼ਬੂਤ ਸੁਰੱਖਿਆ ਪ੍ਰਦਾਨ ਕਰਦੀ ਹੈ। ਜਦੋਂ ਤੁਸੀਂ ਟੀਕਾਕਰਨ ਕਰਵਾਉਂਦੇ ਹੋ, ਤਾਂ ਤੁਸੀਂ ਦੂਜਿਆਂ ਦੀ ਰੱਖਿਆ ਕਰਨ ਵਿੱਚ ਵੀ ਮਦਦ ਕਰਦੇ ਹੋ, ਜਿਨ੍ਹਾਂ ਵਿੱਚ ਉਹ ਲੋਕ ਵੀ ਸ਼ਾਮਲ ਹਨ ਜੋ ਟੀਕਾਕਰਨ ਨਹੀਂ ਕਰਵਾ ਸਕਦੇ।

ਵੈਕਸੀਨ ਦੇ ਬਾਅਦ ਦੀਆਂ ਸੰਭਾਵੀ ਪ੍ਰਤੀਕਿਰਿਆਵਾਂ ਕੀ ਹਨ?

ਵੈਕਸੀਨਾਂ ਬਹੁਤ ਸੁਰੱਖਿਅਤ ਹੁੰਦੀਆਂ ਹਨ। ਵੈਕਸੀਨ ਲਗਵਾਉਣਾ ਕੋਵਿਡ-19 ਦਾ ਸ਼ਿਕਾਰ ਹੋਣ ਤੋਂ ਜਿਆਦਾ ਸੁਰੱਖਿਅਤ ਹੈ। ਵੈਕਸੀਨ ਦੀਆਂ ਆਮ ਪ੍ਰਤੀਕ੍ਰਿਆਵਾਂ ਵਿੱਚ ਵੈਕਸੀਨ ਦਿੱਤੇ ਜਾਣ ਵਾਲੀ ਥਾਂ ਤੇ ਨਰਮੀ, ਜਲਨ, ਲਾਲੀ, ਅਤੇ ਸੋਜ ਸ਼ਾਮਲ ਹੋ ਸਕਦੇ ਹਨ। ਹੋਰ ਪ੍ਰਤੀਕ੍ਰਿਆਵਾਂ ਵਿੱਚ ਥਕਾਵਟ, ਸਿਰ ਦਰਦ, ਬੁਖਾਰ, ਮਾਸਪੇਸ਼ੀਆਂ ਜਾਂ ਜੋੜਾਂ ਵਿੱਚ ਦਰਦ, ਮਤਲੀ ਅਤੇ ਉਲਟੀਆਂ ਸ਼ਾਮਲ ਹੋ ਸਕਦੀਆਂ ਹਨ। ਇਹ ਪ੍ਰਤੀਕਿਰਿਆਵਾਂ ਹਲਕੀਆਂ ਹੁੰਦੀਆਂ ਹਨ ਅਤੇ ਆਮ ਤੌਰ 'ਤੇ 1 ਤੋਂ 2 ਦਿਨਾਂ ਲਈ ਰਹਿੰਦੀਆਂ ਹਨ। ਪ੍ਰੋਟੀਨ ਸਬਯੂਨਿਟ ਵੈਕਸੀਨ ਲਗਵਾਉਣ ਤੋਂ ਬਾਅਦ ਦਿਲ ਦੀ ਸੋਜਸ਼ (ਮਾਇਓਕਾਰਡਾਈਟਿਸ ਅਤੇ ਪੈਰੀਕਾਰਡਾਈਟਿਸ) ਦੇ ਦੁਰਲੱਭ ਕੇਸਾਂ ਦੀ ਰਿਪੋਰਟ ਕੀਤੀ ਗਈ ਹੈ।

ਬੁਖਾਰ ਜਾਂ ਦਰਦ ਲਈ ਐਸੀਟਾਮਿਨੋਫ਼ਿਨ (ਜਿਵੇਂ ਕਿ ਟਾਇਲੇਨੋਲ ®) ਜਾਂ ਆਈਬਿਊਪਰੋਫ਼ੈਨ (ਜਿਵੇਂ ਕਿ ਐਡਵਿਲ ®) ਲਈ ਜਾ ਸਕਦੀ ਹੈ। ਰੇਏ ਸਿੰਨਡਰੋਮ ਦੇ ਖਤਰੇ ਕਰਕੇ 18 ਸਾਲਾਂ ਤੋਂ ਘੱਟ ਉਮਰ ਦੇ ਕਿਸੇ ਵਿਅਕਤੀ ਨੂੰ ਏਐਸਏ (ASA) (ਉਦਹਾਰਣ ਲਈ ਐਸਪਰੀਨ (Aspirin®)) ਨਹੀਂ ਦਿੱਤੀ ਜਾਣੀ ਚਾਹੀਦੀ।

ਰੇਏ ਸਿੰਨਡਰੋਮ ਬਾਰੇ ਜਾਣਕਾਰੀ ਲਈ, HealthLinkBC File #84 ਰੇਏ ਸਿੰਡਰੋਮ 'ਤੇ ਜਾਓ।

ਕੋਈ ਵੀ ਵੈਕਸੀਨ ਲਗਵਾਉਣ ਤੋਂ ਬਾਅਦ 15 ਮਿੰਟ ਤੱਕ ਕਲੀਨਿਕ ਵਿੱਚ ਰਹਿਣਾ ਜ਼ਰੂਰੀ ਹੈ। ਐਨਾਫਲਾਕਸਿਸ ਨਾਮ ਦੀ ਜੀਵਨ ਨੂੰ ਖਤਰੇ ਵਿੱਚ ਪਾਉਣ ਵਾਲੀ ਅਲਰਜਿਕ ਪ੍ਰਤੀਕ੍ਰਿਆ ਦੀ ਅਤਿ ਵਿਰਲੀ ਸੰਭਾਵਨਾ ਹੋ ਸਕਦੀ ਹੈ। ਵੈਕਸੀਨ ਲੈਣ ਵਾਲੇ ਮਿਲੀਅਨ ਲੋਕਾਂ ਵਿੱਚੋਂ 1 ਤੋਂ ਵੀ ਘੱਟ ਲੋਕਾਂ ਵਿੱਚ ਅਜਿਹਾ ਹੁੰਦਾ ਹੈ। ਲੱਛਣਾਂ ਵਿੱਚ ਛਪਾਕੀ, ਸਾਹ ਲੈਣ ਵਿੱਚ ਤਕਲੀਫ, ਜਾਂ ਗਲੇ, ਜੀਭ ਜਾਂ ਬੁਲਾਂ ਦੀ ਸੋਜ ਸ਼ਾਮਲ ਹੋ ਸਕਦੇ ਹਨ। ਜੇਕਰ ਇਹ ਪ੍ਰਤੀਕਿਰਿਆ ਹੁੰਦੀ ਹੈ, ਤਾਂ ਤੁਹਾਡਾ ਸਿਹਤ ਸੰਭਾਲ ਪ੍ਰਦਾਤਾ ਉਸਦਾ ਇਲਾਜ ਕਰਨ ਲਈ ਤਿਆਰ ਹੈ। ਐਮਰਜੈਂਸੀ ਇਲਾਜ ਵਿੱਚ ਏਪੀਨੇਫ੍ਰਿਨ (ਐਡਰੇਨਲਿਨ) ਦਿੱਤੇ ਜਾਣਾ ਅਤੇ ਐਂਬੂਲੈਂਸ ਦੁਆਰਾ ਨਜ਼ਦੀਕੀ ਐਮਰਜੈਂਸੀ ਵਿਭਾਗ ਵਿੱਚ ਟ੍ਰਾਂਸਫਰ ਕਰਨਾ ਸ਼ਾਮਲ ਹੈ। ਜੇਕਰ ਤੁਹਾਡੇ ਕਲੀਨਿਕ ਤੋਂ ਜਾਣ ਤੋਂ ਬਾਅਦ ਲੱਛਣ ਪੈਦਾ ਹੁੰਦੇ ਹਨ, ਤਾਂ **9-1-1** 'ਤੇ ਜਾਂ ਆਪਣੇ ਸਥਾਨਕ ਐਮਰਜੈਂਸੀ ਨੰਬਰ 'ਤੇ ਕਾਲ ਕਰੋ।

ਆਪਣੇ ਸਿਹਤ ਸੰਭਾਲ ਪ੍ਰਦਾਤਾ ਨੂੰ ਹਮੇਸ਼ਾ ਗੰਭੀਰ ਜਾਂ ਅਚਾਨਕ ਹੋਣ ਵਾਲੀਆਂ ਪ੍ਰਤੀਕਿਰਿਆਵਾਂ ਦੀ ਰਿਪੋਰਟ ਕਰੋ।

ਕਿਸਨੂੰ ਵੈਕਸੀਨ ਨਹੀਂ ਲਗਵਾਉਣੀ ਚਾਹੀਦੀ?

ਜੇਕਰ ਤੁਹਾਨੂੰ ਪੌਲੀਸੋਰਬੇਟ 80 (polysorbate 80), ਜੋ ਕਿ ਇਸ ਵੈਕਸੀਨ ਵਿੱਚ ਮੌਜੂਦ ਹੈ, ਤੋਂ ਗੰਭੀਰ ਐਲਰਜੀ (ਐਨਾਫਲਾਕਸਿਸ) ਹੈ, ਤਾਂ ਤੁਹਾਨੂੰ ਇਹ ਵੈਕਸੀਨ ਨਹੀਂ ਲਗਵਾਉਣੀ ਚਾਹੀਦੀ। ਇਹ ਕੁਝ ਮੈਡੀਕਲ ਪ੍ਰੋਪਰੇਸ਼ਨਾਂ (ਜਿਵੇਂ ਕਿ ਵਿਟਾਮਿਨ ਤੇਲਾਂ, ਗੋਲੀਆਂ ਅਤੇ ਕੈਂਸਰ-ਰੋਧੀ ਦਵਾਈਆਂ) ਅਤੇ ਸ਼ਿੰਗਾਰ ਸਮੱਗਰੀ ਵਿੱਚ ਵੀ ਪਾਇਆ ਜਾਂਦਾ ਹੈ।

ਜੇਕਰ ਤੁਹਾਨੂੰ ਕੋਵਿਡ-19 ਵੈਕਸੀਨ ਦੀ ਪਿਛਲੀ ਖੁਰਾਕ ਤੋਂ ਬਾਅਦ ਐਨਾਫਲਾਕਸਿਸ ਹੋਇਆ ਸੀ ਜਾਂ ਜੇਕਰ ਤੁਹਾਨੂੰ ਕਿਸੇ ਅਣਜਾਣ ਕਾਰਨ ਕਰਕੇ ਐਨਾਫਲਾਕਸਿਸ ਹੋਇਆ ਸੀ ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਜ਼ੁਕਾਮ ਜਾਂ ਹੋਰ ਹਲਕੀ ਬਿਮਾਰੀ ਦੇ ਕਾਰਨ ਟੀਕਾਕਰਨ ਕਰਵਾਉਣ ਵਿੱਚ ਦੇਰੀ ਕਰਨ ਦੀ ਕੋਈ ਲੋੜ ਨਹੀਂ ਹੈ। ਪਰ, ਜੇ ਤੁਹਾਨੂੰ ਕੋਈ ਚਿੰਤਾਵਾਂ ਹਨ, ਤਾਂ ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ।

ਕੀ ਵੈਕਸੀਨ ਲਗਵਾਉਣ ਬਾਰੇ ਵਿਚਾਰ ਕਰਨ ਵਾਲੀਆਂ ਕੋਈ ਹੋਰ ਗੱਲਾਂ ਹਨ?

ਆਪਣੇ ਸਿਹਤ ਸੰਭਾਲ ਪ੍ਰਦਾਤਾ ਨਾਲ ਗੱਲ ਕਰੋ ਜੇ:

- ਕੋਵਿਡ-19 ਵੈਕਸੀਨ ਦੀ ਪਿਛਲੀ ਖੁਰਾਕ ਤੋਂ ਬਾਅਦ ਕਿਸੇ ਹੋਰ ਕਾਰਨ ਦੀ ਪਛਾਣ ਕੀਤੇ ਗਏ ਬਿਨਾਂ, ਤੁਹਾਡਾ ਕਿਸੇ ਡਾਕਟਰ ਦੁਆਰਾ ਦਿਲ ਦੀ ਸੋਜ (ਮਾਇਓਕਾਰਡਾਈਟਿਸ ਜਾਂ ਪੈਰੀਕਾਰਡਾਈਟਿਸ) ਦਾ ਨਿਦਾਨ ਕੀਤਾ ਗਿਆ ਸੀ
- ਤੁਹਾਡਾ ਕੋਵਿਡ-19 ਤੋਂ ਬਾਅਦ ਮਲਟੀ-ਸਿਸਟਮ ਇਨਫਲੇਮੇਟਰੀ ਸਿੰਡਰੋਮ ਦਾ ਇਤਿਹਾਸ ਹੈ

ਕੋਵਿਡ-19 ਕੀ ਹੈ?

ਕੋਵਿਡ-19, SARS-CoV-2 ਕੋਰੋਨਾਵਾਇਰਸ ਕਾਰਨ ਹੋਣ ਵਾਲੀ ਸਾਹ ਦੀਆਂ ਨਾਲੀਆਂ ਅਤੇ ਫੇਫੜਿਆਂ ਦੀ ਇੱਕ ਲਾਗ ਹੈ। ਕੋਵਿਡ-19 ਦੇ ਲੱਛਣਾਂ ਵਿੱਚ ਖੰਘ, ਸਾਹ ਚੜ੍ਹਨਾ, ਬੁਖਾਰ, ਠੰਡ ਲੱਗਣਾ, ਥਕਾਵਟ ਅਤੇ ਗੰਧ ਜਾਂ ਸੁਆਦ ਦਾ ਨੁਕਸਾਨ ਸ਼ਾਮਲ ਹੋ ਸਕਦੇ ਹਨ। ਜਦੋਂ ਕਿ ਸੰਭਵ ਹੈ ਕਿ ਕੋਵਿਡ-19 ਵਾਲੇ ਕੁਝ ਲੋਕਾਂ ਵਿੱਚ ਕੋਈ ਲੱਛਣ ਨਾ ਹੋਣ ਜਾਂ ਸਿਰਫ਼ ਹਲਕੇ ਲੱਛਣ ਹੀ ਹੋਣ, ਦੂਜਿਆਂ ਨੂੰ ਹਸਪਤਾਲ ਵਿੱਚ ਭਰਤੀ ਹੋਣ ਦੀ ਲੋੜ ਹੋ ਸਕਦੀ ਹੈ ਅਤੇ ਉਨ੍ਹਾਂ ਦੀ ਮੌਤ ਵੀ ਹੋ ਸਕਦੀ ਹੈ। ਗੰਭੀਰ ਬਿਮਾਰੀ ਵਡੇਰੀ ਉਮਰ ਦੇ ਬਾਲਗਾਂ ਅਤੇ ਬਹੁਤ ਕਮਜ਼ੋਰ ਇਮਿਊਨ ਸਿਸਟਮਾਂ ਵਾਲੇ ਲੋਕਾਂ ਵਿੱਚ ਵਧੇਰੇ ਆਮ ਹੈ। ਕੁਝ ਲੋਕਾਂ ਲਈ, ਕੋਵਿਡ-19 ਦੇ ਲੱਛਣ ਹਫ਼ਤਿਆਂ ਜਾਂ ਇਸ ਤੋਂ ਵੱਧ ਸਮੇਂ ਤੱਕ ਲਈ ਰਹਿ ਸਕਦੇ ਹਨ। ਕਿਸੇ ਵਿਅਕਤੀ ਦੀ ਸਿਹਤ 'ਤੇ ਕੋਵਿਡ-19 ਦੇ ਲੰਬੇ ਸਮੇਂ ਦੇ ਪ੍ਰਭਾਵਾਂ ਬਾਰੇ ਕੋਈ ਜਾਣਕਾਰੀ ਨਹੀਂ ਹੈ।

ਕੋਵਿਡ-19 ਕਿਵੇਂ ਫੈਲਦਾ ਹੈ?

ਕੋਵਿਡ-19 ਦਾ ਕਾਰਨ ਬਣਨ ਵਾਲਾ ਵਾਇਰਸ ਖੰਘਣ, ਛਿੱਕਣ, ਬੋਲਣ, ਗਾਉਣ ਅਤੇ ਸਾਹ ਲੈਣ ਰਾਹੀਂ ਇੱਕ ਵਿਅਕਤੀ ਤੋਂ ਦੂਜੇ ਵਿਅਕਤੀ ਵਿੱਚ ਫੈਲਦਾ ਹੈ। ਇਹ ਵਾਇਰਸ ਵਾਲੀ ਕਿਸੇ ਵਸਤੂ ਜਾਂ ਸਤ੍ਹਾ ਨੂੰ ਛੂਹਣ ਅਤੇ ਫਿਰ ਆਪਣੀਆਂ ਅੱਖਾਂ, ਨੱਕ ਜਾਂ ਮੂੰਹ ਨੂੰ ਛੂਹਣ ਨਾਲ ਵੀ ਫੈਲ ਸਕਦਾ ਹੈ।

ਸਿਆਣੇ ਨਾਬਾਲਗਾਂ ਦੀ ਸਹਿਮਤੀ

ਸਿਫ਼ਾਰਸ਼ ਕੀਤੀ ਜਾਂਦੀ ਹੈ ਕਿ ਮਾਤਾ-ਪਿਤਾ ਜਾਂ ਸਰਪ੍ਰਸਤ ਅਤੇ ਉਨ੍ਹਾਂ ਦੇ ਬੱਚੇ ਟੀਕਾਕਰਨ (ਇਮਿਊਨਾਈਜ਼ੇਸ਼ਨ) ਲਈ ਸਹਿਮਤੀ ਬਾਰੇ ਚਰਚਾ ਕਰਨ। 19 ਸਾਲ ਤੋਂ ਘੱਟ ਉਮਰ ਦੇ ਉਹ ਬੱਚੇ ਜਿਹੜੇ ਹਰ ਵੈਕਸੀਨ ਦੇ ਲਾਭ ਅਤੇ ਸੰਭਵ ਪ੍ਰਤੀਕਿਰਿਆਵਾਂ ਅਤੇ ਇਮਿਊਨਾਈਜ਼ੇਸ਼ਨ ਨਾ ਕਰਵਾਉਣ ਦੇ ਜੋਖਮ ਸਮਝਣ ਦੇ ਕਾਬਲ ਹੋਣ, ਕਾਨੂੰਨੀ ਤੌਰ ਤੇ ਇਮਿਊਨਾਈਜ਼ੇਸ਼ਨ ਲਈ ਸਹਿਮਤ ਹੋ ਸਕਦੇ ਜਾਂ ਉਸ ਲਈ ਇਨਕਾਰ ਕਰ ਸਕਦੇ ਹਨ। ਸਿਆਣੇ ਨਾਬਾਲਗਾਂ ਦੀ ਸਹਿਮਤੀ ਬਾਰੇ ਹੋਰ ਜਾਣਕਾਰੀ ਵਾਸਤੇ HealthLinkBC File #119 ਦ ਇੰਨਫੈਂਟਸ ਐਕਟ, ਸਿਆਣੇ ਨਾਬਾਲਗਾਂ ਦੀ ਸਹਿਮਤੀ ਅਤੇ ਇਮਿਊਨਾਈਜ਼ੇਸ਼ਨ 'ਤੇ ਜਾਓ।

MÉTIS NATION BRITISH COLUMBIA
First Nations Health Authority
Health through wellness
BCAAFC | BC Association of Aboriginal Friendship Centres
BC Centre for Disease Control
Provincial Health Services Authority